# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :22-06-2026**

**<u>ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।</u>**

- BJP ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਨੇ ਕਿਹਾ -ਪੱਛਮੀ ਬੰਗਾਲ ਦੀ ਤਰਾਂ ਪੰਜਾਬ ਦੀ ਮਾੜੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਨਸ਼ੇ ਅਤੇ ਨੌਜਵਾਨਾਂ ਦਾ ਪ੍ਰਵਾਸ, ਸੂਬੇ ਅਤੇ ਸਮੁੱਚੇ ਦੇਸ਼ ਲਈ ਚਿੰਤਾ ਦਾ ਵਿਸ਼ਾ ਬਣੇ I
- ਪੰਜਾਬ ਮੰਤਰੀ ਮੰਡਲ ਨੇ ਵਿਦਿਆਰਥੀਆਂ ਤੇ ਮਾਪਿਆਂ ਦੇ ਹਿੱਤਾਂ ਦੀ ਰਾਖੀ ਕਰਨ, ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ, ਡਿਜੀਟਲ ਗਵਰਨੈਂਸ ਨੂੰ ਮਜ਼ਬੂਤ ਕਰਨ ਅਤੇ ਪ੍ਰਸ਼ਾਸਨਿਕ ਪਹੁੰਚ ਵਿੱਚ ਸੁਧਾਰ ਲਿਆਉਣ ਦੇ ਉਦੇਸ਼ ਨਾਲ ਕਈ ਅਹਿਮ ਫੈਸਲੇ ਲਏ।
- ਪੰਜਾਬ ਸਰਕਾਰਵੱਲੋਂ 24 ਜੂਨ ਨੂੰ ਮੋਹਾਲੀ ਵਿਖੇ "ਐਨ.ਆਰ.ਆਈ. ਮਿਲਣੀ-2026" ਦਾ ਆਯੋਜਨ ਕੀਤਾ ਜਾਵੇਗਾ।

- ਗੁਰਦਾਸਪੁਰ 'ਚ ‘ਅੱਪਰ ਬਾਰੀ ਦੁਆਬ’ ਨਹਿਰ ਅਤੇ ਤਰਨਤਾਰਨ ਰਾਜਬਾਹ ਵਿੱਚ ਪਾੜ ਪੈਣ ਕਾਰਨ ਸੈਂਕੜੇ ਏਕੜ ਫਸਲ ਪਾਣੀ ਵਿੱਚ ਡੁੱਬੀ। ਅਤੇ
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿਚ ਅੱਜ ਤੋਂ 26 ਜੂਨ ਤੱਕ ਗਰਜ-ਚਮਕ ਨਾਲ ਮੀਹਂ ਪੈਣ ਬਾਰੇ YELLOW ਅਲਰਟ ਜਾਰੀ ਕੀਤਾ I

## ਹੁਣ ਖ਼ਬਰਾਂ ਵਿਸਥਾਰ ਨਾਲ

ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਨੇ ਕਿਹਾ ਕਿ ਜਿਵੇਂ ਪੱਛਮੀ ਬੰਗਾਲ ਵਿੱਚ ਬੰਗਲਾਦੇਸੀ ਘੁਸਪੈਠੀਆਂ ਕਰਕੇ ਉੱਥੋਂ ਦੀ ਬਦਲਦੀ ਜਨਸੰਖਿਆ ਦੇਸ ਦੀ ਚਿੰਤਾ ਦਾ ਮਸਲਾ ਬਣ ਗਿਆ ਸੀ, ਉਸੇ ਤਰ੍ਹਾਂ ਪੰਜਾਬ ਦੀ ਮਾੜੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਨਸ਼ਿਆਂ ਅਤੇ ਨੌਜਵਾਨਾਂ ਦਾ ਪ੍ਰਵਾਸ ਸੂਬੇ ਅਤੇ ਸਮੁੱਚੇ ਦੇਸ ਦੀ ਚਿੰਤਾ ਬਣ ਗਿਆ ਏ। ਅੱਜ ਲੁਧਿਆਣਾ ਵਿੱਚ ਪਾਰਟੀ ਅਹੁਦੇਦਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਇਲਜ਼ਾਮ ਲਗਾਇਆ ਕਿ ਬੰਗਾਲ ਜਿਹੇ ਹਾਲਾਤ ਪੰਜਾਬ ਵਾਸਤੇ ਵੀ ਸਿਰਦਰਦ ਬਣ ਗਏ ਨੇ , ਜਿੱਥੇ ਲੋਕਾਂ ਨੂੰ ਕੰਮ ਦੇ ਬਦਲੇ ਅਦਾਇਗੀ ਕਰਨੀ ਪੈਂਦੀ ਏ। ਲੁਧਿਆਣਾ ਵਿਚ ਹੀ ਪੰਜਾਬ ਦੇ ਸਨਅਤਕਾਰਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਸ਼੍ਰੀ ਨਵੀਨ ਨੇ ਕਿਹਾ ਕਿ ਪੰਜਾਬ ਵਿੱਚ ਉਦੋਯਗਿਕ ਵਿਕਾਸ ਅਤੇ ਨਿਵੇਸ਼ ਲਈ ਸਾਜ਼ਗਾਰ ਮਾਹੌਲ ਬਣੇਗਾ ਅਤੇ ਕਿਸਾਨੀ ਵੀ ਇਸ ਦੇ ਨਾਲ-ਨਾਲ ਚੱਲੇਗੀ। ਉਨ੍ਹਾਂ

ਕਿਹਾ ਕਿ ਉਦਯੋਗ ਦੇ ਹਰ ਵਰਗ ਦੀਆਂ ਸਮੱਸਿਆਵਾਂ ਵੱਖ-ਵੱਖ ਹੁੰਦੀਆਂ ਹਨ, ਪਰ ਇਨ੍ਹਾਂ ਦੇ ਹੱਲ ਲਈ ਸਰਕਾਰ ਦੀ ਨੀਤੀ, ਨੀਅਤ ਅਤੇ ਫ਼ੈਸਲਾਕੁਨ ਅਗਵਾਈ ਦੀ ਅਹਿਮ ਭੂਮਿਕਾ ਹੁੰਦੀ ਏ । ਉਦਯੋਗਪਤੀਆਂ ਨੇ ਜਿੱਥੇ ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਨੂੰ ਲੈ-ਕੇ ਸਵਾਲ ਖੜ੍ਹੇ ਕੀਤੇ, ਉੱਥੇ ਗੈਂਗਸਟਰਵਾਦ, ਰੰਗਦਾਰੀ ਅਤੇ ਨਾਜ਼ੁਕ ਅਮਨ ਕਾਨੂੰਨ ਦੀ ਹਾਲਾਤ ਉੱਤੇ ਵੀ ਸਵਾਲ ਚੁੱਕੇ।

---------------------------------------------------

ਪੰਜਾਬ ਮੰਤਰੀ ਮੰਡਲ ਨੇ ਵਿਦਿਆਰਥੀਆਂ ਅਤੇ ਮਾਪਿਆਂ ਦੇ ਹਿੱਤਾਂ ਦੀ ਰਾਖੀ ਕਰਨ, ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ, ਡਿਜੀਟਲ ਗਵਰਨੈਂਸ ਨੂੰ ਮਜ਼ਬੂਤ ਕਰਨ ਅਤੇ ਪ੍ਰਸ਼ਾਸਨਿਕ ਪਹੁੰਚ ਵਿੱਚ ਸੁਧਾਰ ਲਿਆਉਣ ਦੇ ਉਦੇਸ਼ ਨਾਲ ਕਈ ਅਹਿਮ ਫੈਸਲੇ ਲਏ ਨੇ । ਇਸ ਦੌਰਾਨ ਮੰਤਰੀ ਮੰਡਲ ਨੇ ਪ੍ਰਾਈਵੇਟ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਦੀਆਂ ਫੀਸਾਂ ਦੇ ਵਾਧੇ ਨੂੰ ਕਾਬੂ ਕਰਨ ਲਈ ਆਰਡੀਨੈਂਸ ਨੂੰ ਮਨਜ਼ੂਰੀ , ਉਦਯੋਗਿਕ ਰਿਆਇਤਾਂ ਸਬੰਧੀ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਤੇ , 'ਸਟੇਟ ਡੇਟਾ ਇੰਟੀਗ੍ਰੇਸ਼ਨ ਪਲੇਟਫਾਰਮ' ਨੂੰ ਲਾਗੂ ਕਰਨ ਲਈ ਸਹਿਮਤੀ ਦਿੱਤੀ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੀ ਦਸੂਹਾ ਸਬ-ਡਿਵੀਜ਼ਨ ਲਈ ਵਧੀਕ ਡਿਪਟੀ ਕਮਿਸ਼ਨਰ ਦੀ ਅਸਾਮੀ ਅਤੇ ਸਹਿਯੋਗੀ ਅਮਲੇ ਦੀਆਂ ਅਸਾਮੀਆਂ ਸਿਰਜਣ ਨੂੰ ਵੀ ਮਨਜ਼ੂਰੀ ਦੇ ਦਿੱਤੀ ਏ । ਪੰਜਾਬ ਕੈਬਨਿਟ ਨੇ 'ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼

ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਆਰਡੀਨੈਂਸ, 2026` ਲਿਆਉਣ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਹ ਆਰਡੀਨੈਂਸ ਇਸ ਸੰਬੰਧੀ ਐਕਟ, 2016` ਵਿੱਚ ਸੋਧ ਕਰ ਕੇ ਲਿਆਂਦਾ ਗਿਆ ਏ। ਪ੍ਰਵਾਨਗੀ ਲਈ ਆਰਡੀਨੈਂਸ ਹੁਣ ਰਾਜਪਾਲ ਕੋਲ ਭੇਜਿਆ ਜਾਵੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਿਹਾ।

BYTE

ਸ੍ਰੀ ਬੈਂਸ ਨੇ ਕਿਹਾ ਕਿ ਜੇਕਰ ਕੋਈ ਸਕੂਲ ਮਹਿਸੂਸ ਕਰਦਾ ਏ ਕਿ ਉਸਨੂੰ 5 ਫੀਸਦੀ ਤੋਂ ਵੱਧ ਫੀਸਾਂ ਵਧਾਉਣ ਦੀ ਲੋੜ ਏ, ਤਾਂ ਉਸਨੂੰ ਸੂਬਾ ਸਰਕਾਰ ਵਲੋਂ ਕਾਇਮ ਕੀਤੀ ਜਾਣ ਵਾਲੀ ਉੱਚ-ਤਾਕਤੀ ਕਮੇਟੀ ਕੋਲ ਪਹੁੰਚ ਕਰਨੀ ਪਵੇਗੀ। ਕਮੇਟੀ ਸਕੂਲ ਦੇ ਮਾਮਲੇ ਦੀ ਜਾਂਚ ਕਰੇਗੀ ਅਤੇ ਇਸਦਾ ਵਿੱਤੀ ਆਡਿਟ ਵੀ ਕਰਵਾਏਗੀ। ਇਕ ਹੋਰ ਅਹਿਮ ਫੈਸਲੇ ਵਿੱਚ ਮੰਤਰੀ ਮੰਡਲ ਨੇ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸੂਬੇ ਦੀਆਂ ਉਦਯੋਗਿਕ ਨੀਤੀਆਂ ਤਹਿਤ ਕੈਪੀਟਲ ਸਬਸਿਡੀ, ਨਿਵੇਸ਼ ਰਿਆਇਤਾਂ ਦੀ ਵੰਡ ਲਈ 13 ਨਵੰਬਰ, 2019 ਦੇ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਕਰਨ ਦੀ ਸਹਿਮਤੀ ਵੀ ਦਿੱਤੀ। ਇਨ੍ਹਾਂ ਸੋਧਾਂ ਦਾ ਉਦੇਸ਼ ਸਬਸਿਡੀ ਦੀ ਵੰਡ ਪ੍ਰਕਿਰਿਆ ਨੂੰ ਸਰਲ ਅਤੇ ਸੁਚਾਰੂ ਬਣਾਉਣਾ, ਪ੍ਰਸ਼ਾਸਨਿਕ ਕੁਸ਼ਲਤਾ ਵਿੱਚ ਸੁਧਾਰ ਕਰਨਾ ਅਤੇ ਯੋਗ ਉਦਯੋਗਿਕ ਇਕਾਈਆਂ ਵਿੱਚ ਇਕਸਾਰਤਾ ਯਕੀਨੀ ਬਣਾਉਣਾ ਏ।

ਸੂਬੇ ਦੇ ਵੱਖ-ਵੱਖ ਵਿਭਾਗਾਂ ਦੇ ਕਈ ਡੇਟਾਬੇਸਾਂ ਨੂੰ ਆਪਸ ਵਿੱਚ ਜੋੜਨ, ਕਿਸੇ ਵੀ ਤਰ੍ਹਾਂ ਦੇ ਦੁਹਰਾਅ ਤੋਂ ਬਚਣ ਅਤੇ ਮੌਜੂਦਾ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ ਲਈ ਕੈਬਨਿਟ ਨੇ ਪੰਜਾਬ ਵਿੱਚ 'ਸਟੇਟ ਡੇਟਾ ਇੰਟੀਗ੍ਰੇਸ਼ਨ ਪਲੇਟਫਾਰਮ` ਲਾਗੂ ਕਰਨ ਲਈ ਵੀ ਸਹਿਮਤੀ ਦੇ ਦਿੱਤੀ ਏ । ਕੈਬਨਿਟ ਨੇ ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੀ ਦਸੂਹਾ ਸਬ-ਡਿਵੀਜ਼ਨ ਲਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਤੇ 5 ਹੋਰ ਸਹਿਯੋਗੀ ਅਮਲੇ ਦੀਆਂ ਅਸਾਮੀਆਂ ਸਿਰਜਣ ਨੂੰ ਵੀ ਮਨਜ਼ੂਰੀ ਦੇ ਦਿੱਤੀ ਏ । ਇਸ ਨਾਲ ਇਲਾਕੇ ਦੇ ਉਨ੍ਹਾਂ ਲੋਕਾਂ ਨੂੰ ਬਹੁਤ ਵੱਡੀ ਮਦਦ ਮਿਲੇਗੀ, ਜਿਨ੍ਹਾਂ ਨੂੰ ਜ਼ਿਲ੍ਹਾ ਪੱਧਰੀ ਪ੍ਰਸ਼ਾਸਨਿਕ ਕੰਮਾਂ, ਪ੍ਰਵਾਨਗੀਆਂ, ਮਾਲੀਆ ਮਾਮਲਿਆਂ ਅਤੇ ਜਨਤਕ ਸ਼ਿਕਾਇਤਾਂ ਦੇ ਨਿਬੇੜੇ ਲਈ ਕਾਫ਼ੀ ਲੰਬਾ ਸਫ਼ਰ ਤੈਅ ਕਰਨਾ ਪੈਂਦਾ ਸੀ। ਫਗਵਾੜਾ ਵਿਚ ਵੀ ਇਕ ADC ਦੀ ਪੋਸਟ ਲਈ ਸਿਧਾਂਤਕ ਤੌਰ 'ਤੇ ਮਜੂਰੀ ਦੇ ਦਿਤੀ ਗਈ ਏ ।

---------------------------------------------------

ਪੰਜਾਬ ਸਰਕਾਰ ਵੱਲੋਂ 24 ਜੂਨ ਨੂੰ ਮੋਹਾਲੀ ਸਥਿਤ ਐਮਿਟੀ ਯੂਨੀਵਰਸਿਟੀ, ਵਿਖੇ "ਐਨ.ਆਰ.ਆਈ. ਮਿਲਣੀ-2026" ਦਾ ਆਯੋਜਨ ਕੀਤਾ ਜਾ ਰਿਹਾ ਏ । ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨਾਲ ਆਪਣੇ ਸਬੰਧ ਹੋਰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦਾ ਹਿੱਸਾ ਏ । ਉਨ੍ਹਾਂ ਕਿਹਾ ਕਿ

“ਐਨ.ਆਰ.ਆਈ. ਮਿਲਣੀ 2026” ਐਨ.ਆਰ.ਆਈਜ਼ ਅਤੇ ਪੰਜਾਬ ਸਰਕਾਰ ਦਰਮਿਆਨ ਸਿੱਧੇ ਸੰਵਾਦ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗੀ, ਜਿੱਥੇ ਭਾਗੀਦਾਰ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਾਂਝੇ ਕਰ ਸਕਣਗੇ ਅਤੇ ਆਪਣੇ ਜ਼ਿਲ੍ਹਿਆਂ ਅਤੇ ਸੂਬੇ ਨਾਲ ਸਬੰਧਤ ਮਾਮਲਿਆਂ ਦੇ ਹੱਲ ਲਈ ਸਰਕਾਰ ਨਾਲ ਸਿੱਧੀ ਗੱਲਬਾਤ ਕਰ ਸਕਣਗੇ।

-----------------------------------------------------------------

ਗੁਰਦਾਸਪੁਰ ਦੇ ਸਠਿਆਲੀ ਹੈੱਡ ਵਰਕਸ ਨੇੜੇ ‘ਅੱਪਰ ਬਾਰੀ ਦੁਆਬ’ ਨਹਿਰ ਵਿੱਚ ਪਏ ਕਰੀਬ 40 ਫੁੱਟ ਦੇ ਵੱਡੇ ਪਾੜ ਕਾਰਨ ਨੇੜਲੇ ਰਿਹਾਇਸ਼ੀ ਇਲਾਕਿਆਂ, ਘਰਾਂ ਅਤੇ ਸੈਂਕੜੇ ਏਕੜ ਖੇਤਾਂ ਵਿੱਚ ਹੜ੍ਹ ਵਰਗੇ ਹਾਲਾਤ ਬਣ ਗਏ ਹਨ, ਜਿਸ ਨਾਲ ਲੋਕਾਂ ਦਾ ਭਾਰੀ ਮਾਲੀ ਨੁਕਸਾਨ ਹੋਇਆ ਏ। ਸਾਡੇ ਪੱਤਰਕਾਰ ਨੇ ਦਸਿਆ ਕਿ ਦੱਸਿਆ ਕਿ ਰਾਤ ਕਰੀਬ 3 ਵਜੇ ਅਚਾਨਕ ਉਨ੍ਹਾਂ ਦੇ ਘਰਾਂ ਵਿੱਚ ਤੇਜ਼ੀ ਨਾਲ ਪਾਣੀ ਦਾਖਲ ਹੋਣ ਲੱਗਾ। ਨਹਿਰ ਦਾ ਤੇਜ਼ ਪਾਣੀ ਸ੍ਰੀ ਹਰਗੋਬਿੰਦਪੁਰ-ਗੁਰਦਾਸਪੁਰ ਮੁੱਖ ਮਾਰਗ ਨੂੰ ਪਾਰ ਕਰਦਾ ਹੋਇਆ ਸਿੱਧਾ ਲੋਕਾਂ ਦੇ ਘਰਾਂ ਅਤੇ ਖੇਤਾਂ ਵਿੱਚ ਜਾ ਵੜਿਆ। ਕਈ-ਕਈ ਫੁੱਟ ਪਾਣੀ ਭਰਨ ਕਾਰਨ ਕਣਕ, ਘਰੇਲੂ ਸਾਮਾਨ ਅਤੇ ਹੋਰ ਕੀਮਤੀ ਵਸਤਾਂ ਨੂੰ ਨੁਕਸਾਨ ਪਹੁੰਚਿਆ ਏ। ਲੋਕਾਂ ਨੇ ਸਰਕਾਰ ਤੋਂ ਮਦਦ ਦੀ ਮੰਗ ਕੀਤੀ ਏ। ਓਧਰ ਰਾਜਬਾਹ ਤਰਨਤਾਰਨ ਵਿੱਚ ਪਾੜ ਪੈਣ ਕਾਰਨ ਸੈਂਕੜੇ ਏਕੜ ਝੋਨੇ, ਸਬਜ਼ੀਆਂ ਅਤੇ ਪਨੀਰੀ ਦੀ ਫਸਲ ਪਾਣੀ ਵਿੱਚ ਡੁੱਬ ਕੇ ਨੁਕਸਾਨੀ

ਗਈ। ਤਰਨਤਾਰਨ ਤੋਂ ਸਾਡੇ ਪਤਰਕਾਰ ਨੇ ਦਸਿਆ ਕਿ ਰਸੂਲਪੁਰ ਘਰਾਟਾਂ ਤੋਂ ਨਿਕਲ ਕੇ ਸੁਬਾਜਪੁਰ ਵੱਲ ਜਾਣ ਵਾਲੇ ਰਾਜਬਾਹ ਵਿੱਚ ਅੱਜ ਤੜਕੇ ਕਰੀਬ 3 ਵਜੇ ਜੋਧਪੁਰ ਨੇੜੇ ਪਾੜ ਪੈ ਗਿਆ, ਜਿਸ ਕਾਰਨ ਪਾਣੀ ਖੇਤਾਂ ਵਿੱਚ ਫੈਲ ਗਿਆ ਅਤੇ ਪਿੰਡ ਚੁਤਾਲਾ ਅਤੇ ਜੋਧਪੁਰ ਦੇ ਵੱਡੇ ਰਕਬੇ ਨੂੰ ਨੁਕਸਾਨ ਪਹੁੰਚਿਆ। ਇੱਕ ਮੁਰਗੀਖਾਨਾ ਵੀ ਤਬਾਹ ਹੋ ਗਿਆ । ਇਸ ਦੌਰਾਨ ਰਸੂਲਪੁਰ ਤੋਂ ਪੱਟੀ ਵਾਲੀ ਸੜਕ ਉੱਪਰ ਪਾਣੀ ਲੰਘਣ ਲੱਗ ਪਿਆ, ਜਦਕਿ ਪਿੰਡੀ ਬਾਬਾ ਕਾਹਨ ਸਿੰਘ ਵਾਲੇ ਰੋਡ ਦਾ ਪੁਲ ਵੀ ਟੁੱਟ ਗਿਆ, ਜਿਸ ਨਾਲ ਆਵਾਜਾਈ ਪ੍ਰਭਾਵਿਤ ਹੋਈ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਨੇ ਕਿਹਾ ਕਿ ਇਸ ਸੀਜ਼ਨ ਤੋਂ ਪਹਿਲਾਂ ਰਾਜਬਾਹ ਦੀ ਲੋੜੀਂਦੀ ਖਿਲਾਈ ਨਹੀਂ ਕੀਤੀ ਗਈ। ਪ੍ਰਭਾਵਿਤ ਕਿਸਾਨਾਂ ਨੇ ਸਰਕਾਰ ਤੋਂ ਪਾਣੀ ਨਾਲ ਡੁੱਬੀ ਫਸਲ ਦੀ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਯੋਗ ਮੁਆਵਜ਼ਾ ਦੇਣ ਦੀ ਮੰਗ ਕੀਤੀ ।

---------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੂਬੇ ਦੇ ਹਰ ਸ਼ਹਿਰ ਨੂੰ ‘ਓਪਨ ਮੈਨਹੋਲ-ਫ੍ਰੀ’ ਕਰਨ ਲਈ 30 ਜੂਨ ਆਖ਼ਰੀ ਤਰੀਕ ਤੈਅ ਕੀਤੀ ਏ । ਸਾਰੇ ਨਗਰ ਨਿਗਮ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ ਇਸ ਸਬੰਧ ਵਿੱਚ ਇੰਨ-ਬਿਨ ਪਾਲਣਾ ਰਿਪੋਰਟ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ

ਮਿਸ਼ਨ ਕਲੀਨ ਪੰਜਾਬ ਤਹਿਤ 'ਜ਼ੀਰੋ ਓਪਨ ਮੈਨਹੋਲ' ਮੁਹਿੰਮ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਜਾਂ ਅਣਗਹਿਲੀ ਦੇ ਸਖ਼ਤ ਨਤੀਜੇ ਭੁਗਤਣੇ ਪੈਣਗੇ। ਮੰਤਰੀ ਨੇ ਦੱਸਿਆ ਕਿ ਇਹ ਨਿਰਦੇਸ਼ ਸੂਬਾ ਪੱਧਰੀ ਸੁਰੱਖਿਆ ਆਡਿਟ ਤੋਂ ਬਾਅਦ ਆਇਆ ਏ ਜਿਸ ਵਿੱਚ ਮਾਨਸੂਨ ਸੀਜ਼ਨ ਤੋਂ ਪਹਿਲਾਂ ਸੀਵਰੇਜ ਬੁਨਿਆਦੀ ਢਾਂਚੇ ਵਿੱਚ 1451 ਮੈਨਹੋਲ ਖੁੱਲ੍ਹੇ ਹੋਣ ਬਾਰੇ ਖ਼ੁਲਾਸਾ ਹੋਇਆ ਸੀ। ਉਨ੍ਹਾਂ ਕਿਹਾ ਕਿ 1000 ਤੋਂ ਵੱਧ ਮੈਨਹੋਲ ਪਹਿਲਾਂ ਹੀ ਠੀਕ ਕੀਤੇ ਜਾ ਚੁੱਕੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਨਾਲ ਹੋਣ ਵਾਲੇ ਹਾਦਸਿਆਂ ਨੂੰ ਰੋਕਣ ਲਈ ਬਾਕੀ ਸਾਰੇ ਖੁੱਲ੍ਹੇ ਪਏ ਮੈਨਹੋਲਾਂ ਨੂੰ ਬੰਦ ਕਰਨ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਸਥਾਨਕ ਸਰਕਾਰਾਂ ਵਿਭਾਗ ਨੇ ਮੈਨਹੋਲ ਬੰਦ ਕਰਨ ਦੀ ਅਸਲ-ਸਮੇਂ ਦੀ ਟਰੈਕਿੰਗ ਲਈ ਇੱਕ ਏ.ਆਈ.-ਏਕੀਕ੍ਰਿਤ ਮੋਬਾਈਲ ਐਪ ਵੀ ਸ਼ੁਰੂ ਕੀਤੀ ਏ। ਉਨ੍ਹਾਂ ਦੱਸਿਆ ਕਿ ਸਿਵਲ ਅਧਿਕਾਰੀਆਂ ਨੂੰ ਹੁਣ ਸਵੇਰੇ 7 ਵਜੇ ਤੋਂ ਸਵੇਰੇ 8 ਵਜੇ ਤੱਕ ਰੋਜ਼ਾਨਾ ਲਾਜ਼ਮੀ ਫੀਲਡ ਨਿਰੀਖਣ ਕਰਨਗੇ।

---------------------------------------------------

ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ, ਆਕਾਸ਼ਵਾਣੀ ਦਾ ਪਿਛਲੇ ਕੁਝ ਦਿਨਾਂ ਤੋਂ  ਸ਼ਾਮੀਂ 7 ਵਜੇ ਤੋਂ 7 ਵੱਜ ਕੇ 10 ਮਿੰਟ ਤੱਕ ਪ੍ਰਸਾਰਿਤ ਕੀਤਾ ਜਾ ਰਿਹਾ ਖਬਰਾਂ ਦਾ ਰਾਸ਼ਟਰੀ ਬੁਲੇਟਿਨ ਅੱਜ ਤੋਂ ਪਹਿਲਾ ਵਾਂਗ

ਸ਼ਾਮੀਂ ਸਾਢੇ 7 ਵਜੇ ਤੋਂ 7 ਵੱਜ ਕੇ 40 ਮਿੰਟ ਤੱਕ ਪ੍ਰਸਾਰਿਤ ਕੀਤਾ ਜਾਵੇਗਾ ।

-----------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿਚ ਕੁਝ ਥਾਵਾਂ ਤੇ ਅੱਜ ਤੋਂ 26 ਜੂਨ ਤੱਕ ਗਰਜ -ਚਮਕ ਨਾਲ ਤੇਜ਼ ਹਵਾਵਾਂ ਚੱਲਣ ਅਤੇ ਹਲਕੀ ਬਾਰਿਸ਼ ਹੋਣ ਬਾਰੇ YELLOW ਅਲਰਟ ਜਾਰੀ ਕੀਤਾ ਏ । ਜਦਕਿ ਬੀਤੀ ਰਾਤ ਕਈ ਥਾਵਾਂ 'ਤੇ ਆਈ ਹਨੇਰੀ ਅਤੇ ਹਲਕੀ ਬਾਰਿਸ਼ ਤੋਂ ਬਾਅਦ ਅੱਜ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਅਨੁਸਾਰ ਪਠਾਨਕੋਟ ਦੇ ਥੀਨ ਡੈਮ ਖੇਤਰ ਵਿੱਚ 23.2 ਡਿਗਰੀ ਸੈਲਸੀਅਸ , ਦਰਜ ਕੀਤਾ ਗਿਆ । ਅੱਜ ਦਰਜ ਕੀਤੇ ਗਏ ਤਾਪਮਾਨ ਅਨੁਸਾਰ ਵੱਧ ਤੋਂ ਵੱਧ ਤਾਪਮਾਨ ਵਿੱਚ ਕੱਲ੍ਹ ਦੇ ਮੁਕਾਬਲੇ ਕਾਫ਼ੀ ਗਿਰਾਵਟ ਦਰਜ ਕੀਤੀ ਗਈ ਏ । ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 38.6 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਰੋਹਤਕ ਵਿੱਚ 39.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਜਦਕਿ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 35 ਡਿਗਰੀ ਸੈਲਸੀਅਸ ਰਿਹਾ। ਓਧਰ ਫਾਜ਼ਿਲਕਾ ਦੇ ਅਬੋਹਰ 'ਚ ਬੀਤੀ ਰਾਤ ਆਈ ਹਨੇਰੀ ਦੌਰਾਨ ਦਰੱਖਤ ਡਿੱਗਣ ਕਰਕੇ ਇਕ ਵਿਅਕਤੀ ਦੋ ਮੌਤ ਹੋ ਗਈ ।

-----------------------------------------------------------

• BJP ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਨੇ ਕਿਹਾ -ਪੱਛਮੀ ਬੰਗਾਲ ਦੀ ਤਰਾਂ ਪੰਜਾਬ ਦੀ ਮਾੜੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਨਸ਼ੇ ਅਤੇ ਨੌਜਵਾਨਾਂ ਦਾ ਪ੍ਰਵਾਸ, ਸੂਬੇ ਅਤੇ ਸਮੁੱਚੇ ਦੇਸ਼ ਲਈ ਚਿੰਤਾ ਦਾ ਵਿਸ਼ਾ ਬਣੇ I

• ਪੰਜਾਬ ਮੰਤਰੀ ਮੰਡਲ ਨੇ ਵਿਦਿਆਰਥੀਆਂ ਤੇ ਮਾਪਿਆਂ ਦੇ ਹਿੱਤਾਂ ਦੀ ਰਾਖੀ ਕਰਨ, ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ, ਡਿਜੀਟਲ ਗਵਰਨੈਂਸ ਨੂੰ ਮਜ਼ਬੂਤ ਕਰਨ ਅਤੇ ਪ੍ਰਸ਼ਾਸਨਿਕ ਪਹੁੰਚ ਵਿੱਚ ਸੁਧਾਰ ਲਿਆਉਣ ਦੇ ਉਦੇਸ਼ ਨਾਲ ਕਈ ਅਹਿਮ ਫੈਸਲੇ ਲਏ।

• ਪੰਜਾਬ ਸਰਕਾਰਵੱਲੋਂ 24 ਜੂਨ ਨੂੰ ਮੋਹਾਲੀ ਵਿਖੇ "ਐਨ.ਆਰ.ਆਈ. ਮਿਲਣੀ-2026" ਦਾ ਆਯੋਜਨ ਕੀਤਾ ਜਾਵੇਗਾ।

• ਗੁਰਦਾਸਪੁਰ 'ਚ 'ਅੱਪਰ ਬਾਰੀ ਦੁਆਬ' ਨਹਿਰ ਅਤੇ ਤਰਨਤਾਰਨ ਰਾਜਬਾਹ ਵਿੱਚ ਪਾੜ ਪੈਣ ਕਾਰਨ ਸੈਂਕੜੇ ਏਕੜ ਫਸਲ ਪਾਣੀ ਵਿੱਚ ਡੁੱਬੀ। ਅਤੇ

• ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿਚ ਅੱਜ ਤੋਂ 26 ਜੂਨ ਤੱਕ ਗਰਜ-ਚਮਕ ਨਾਲ ਮੀਹਂ ਪੈਣ ਬਾਰੇ YELLOW ਅਲਰਟ ਜਾਰੀ ਕੀਤਾ I

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7:30 ਵਜੇ ਨਮਸਕਾਰ !**